**Dispatch No. :** I/23017/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਉੱਤਰਾਖੰਡ ,ਝਾਰਖੰਡ ਅਤੇ ਰਾਜਸਥਾਨ ਦੇ ਵਸਨੀਕਾਂ ਨੂੰ ਉਨ੍ਹਾਂ ਦੇ ਗ੍ਰਹਿ ਰਾਜਾਂ ਵਿੱਚ ਵਾਪਸ ਭੇਜਣ ਲਈ ਵਿਸ਼ੇਸ਼ ਬੱਸਾਂ ਤੇ ਰੇਲ ਗੱਡੀਆਂ ਦਾ ਪ੍ਰਬੰਧ -ਜ਼ਿਲ੍ਹਾ ਮੈਜਿਸਟ੍ਰੇਟ

ਉੱਤਰਾਖੰਡ ਲਈ 9 ਮਈ ਨੂੰ ਸ਼ਾਮ ਵੇਲੇ ਫਰੀਦਕੋਟ ਤੋਂ ਵਿਸ਼ੇਸ਼ ਬੱਸਾਂ ਦੇਹਰਾਦੂਨ ਲਈ ਚੱਲਣਗੀਆਂ

ਉੱਤਰਾਖੰਡ ਦੇ ਸਾਰੇ ਯਾਤਰੀ 9 ਮਈ ਨੂੰ ਸਵੇਰੇ 9 ਵਜੇ ਸਬੰਧਤ ਐਸ ਡੀ ਐਮ ਦਫ਼ਤਰ ਪਹੁੰਚਣਗੇ

ਝਾਰਖੰਡ ਲਈ ਰੇਲ ਗੱਡੀ 10 ਮਈ ਨੂੰ ਬਠਿੰਡਾ ਤੋਂ ਡਾਲਟੇਲ (ਝਾਰਖੰਡ) ਤੱਕ ਜਾਵੇਗੀ

ਝਾਰਖੰਡ ਦੇ ਯਾਤਰੀਆਂ ਨੂੰ 10 ਮਈ ਨੂੰ ਸਵੇਰੇ 8 ਵਜੇ ਸਬੰਧਿਤ ਐਸ ਡੀ ਐਮ ਦਫ਼ਤਰਾਂ ਵਿੱਚ ਪਹੁੰਚਣ ਦੀ ਅਪੀਲ

ਰਾਜਸਥਾਨ ਜਾਣ ਵਾਲੇ ਉਥੋਂ ਦੇ ਵਸਨੀਕਾਂ ਨੂੰ ਰਾਜਸਥਾਨ ਦੀ ਸਰਕਾਰੀ ਵੈਬਸਾਈਟ www.emitraapp.rajsthan.gov.in ਤੇ ਆਪਣੇ ਆਪ ਨੂੰ ਰਜਿਸਟਰਡ ਕਰਵਾਉਣਾ ਜ਼ਰੂਰੀ

ਫਰੀਦਕੋਟ 8 ਮਈ ( ) ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਦੂਜੇ ਰਾਜਾਂ ਦੇ ਜਿਹੜੇ ਵਸਨੀਕ ਕਰਫਿਊ/ਲਾਕਡਾਊਨ ਦੌਰਾਨ ਪੰਜਾਬ ਵਿੱਚ ਰਹਿ ਗਏ ਸਨ, ਉਨ੍ਹਾਂ ਨੂੰ ਉਨ੍ਹਾਂ ਦੇ ਗ੍ਰਹਿ ਰਾਜ ਵਿੱਚ ਵਾਪਸ ਭੇਜਣ ਲਈ ਫਰੀਦਕੋਟ ਪ੍ਰਸ਼ਾਸਨ ਵੱਲੋ ਵਿਸ਼ੇਸ਼ ਬੱਸਾਂ ਅਤੇ ਰੇਲ ਗੱਡੀਆਂ ਦਾ ਪ੍ਰਬੰਧ ਕੀਤਾ ਗਿਆ ਹੈ । ਇਹ ਜਾਣਕਾਰੀ ਜਿਲ੍ਹਾ ਮੈਜਿਸਟ੍ਰੇਟ ਸ੍ਰੀ ਕੁਮਾਰ ਸੌਰਭ ਰਾਜ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ ਵਿੱਚ ਉੱਤਰਾਖੰਡ, ਝਾਰਖੰਡ ਅਤੇ ਰਾਜਸਥਾਨ ਦੇ ਲੋਕਾਂ ਨੂੰ ਉਨ੍ਹਾਂ ਦੇ ਗ੍ਰਹਿ ਰਾਜਾਂ ਵਿੱਚ ਵਾਪਸ ਭੇਜਣ ਲਈ ਬੱਸਾਂ ਅਤੇ ਰੇਲਗੱਡੀਆਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਝਾਰਖੰਡ ਦੇ ਗੜਵਾਲ ਖੇਤਰ ਦੇ ਲੋਕਾਂ ਨੂੰ 9 ਮਈ ਦਿਨ ਸ਼ਨੀਵਾਰ ਨੂੰ ਸ਼ਾਮ ਨੂੰ 8 ਵਜੇ ਫਰੀਦਕੋਟ ਤੋਂ ਵਿਸ਼ੇਸ਼ ਬੱਸਾਂ ਚਲਾਈਆਂ ਜਾਣਗੀਆਂ ਜੋ ਕਿ ਦੇਹਰਾਦੂਨ ਤੱਕ ਜਾਣਗੀਆਂ ਅਤੇ ਇਨ੍ਹਾਂ ਵਿੱਚ ਉੱਤਰਾਖੰਡ ਦੇ ਚਮੋਲੀ, ਦੇਹਾਰਾਦੂਨ, ਹਰਿਦੁਆਰ, ਪੌੜੀ ਗੜਵਾਲ, ਰੁਦਰ ਪਰਿਆਂਗ, ਟੀਹਰੀ ਗੜਵਾਲ ਅਤੇ ਉੱਤਰ ਕਾਂਸੀ ਆਦਿ ਖੇਤਰਾਂ ਦੇ ਲੋਕ ਸ਼ਾਮਲ ਹਨ, ਜਿੰਨਾਂ ਨੂੰ ਦੇਹਰਾਦੂਨ ਪਹੁੰਚਣ ਉਪਰੰਤ ਉੱਥੋ ਦੀ ਸਰਕਾਰ ਵੱਲੋਂ ਉਨਾਂ ਦੇ ਘਰਾਂ ਤੱਕ ਪਹੁੰਚਾਇਆ ਜਾਵੇਗਾ।ਉਨ੍ਹਾਂ ਉੱਤਰਾਖੰਡ ਦੇ ਵਾਪਸ ਜਾਣ ਵਾਲੇ ਲੋਕਾਂ ਜਿੰਨਾਂ ਦਾ ਮੈਡੀਕਲ ਹੋ ਚੁੱਕਾ ਹੈ ਨੂੰ ਅਪੀਲ ਕੀਤੀ ਕਿ ਉਹ 9 ਮਈ ਨੂੰ ਸਵੇਰੇ 10 ਵਜੇ ਸਬੰਧਤ ਐਸ.ਡੀ.ਐਮ.ਦਫਤਰ ਵਿੱਚ ਪਹੁੰਚ ਜਾਣ ਜਿੱਥੋਂ ਉਨਾਂ ਨੂੰ ਫਰੀਦਕੋਟ ਲਿਆਂਦਾ ਜਾਵੇਗਾ ਅਤੇ ਲੋੜੀਂਦਾ ਖਾਣਾ ਅਤੇ ਹੋਰ ਸਮਾਨ ਦੇ ਕੇ ਦੇਹਰਾਦੂਨ ਲਈ ਰਵਾਨਾ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਝਾਰਖੰਡ ਦੇ ਡਾਲਟੇਲ ਲਈ ਰੇਲਗੱਡੀ 10 ਮਈ ਦਿਨ ਐਤਵਾਰ ਨੂੰ ਬਠਿੰਡਾ ਤੋਂ ਦਿਨੇ 12:30 ਵਜੇ ਚੱਲੇਗੀ। ਉਨ੍ਹਾਂ ਝਾਰਖੰਡ ਦੇ ਫਰੀਦਕੋਟ ਵਿੱਚ ਰਹਿ ਰਹੇ ਲੋਕਾਂ ਨੂੰ ਕਿਹਾ ਕਿ ਜਿੰਨਾ ਨੇ ਰਜਿਸਟ੍ਰੇਸ਼ਨ ਕਰਵਾ ਲਈ ਹੈ ਉਹ ਇਸ ਦਿਨ ਸਵੇਰੇ 8 ਵਜੇ ਸਬੰਧਤ ਐਸ.ਡੀ.ਐਮ. ਦਫਤਰ ਪਹੁੰਚਣ ਜਿੱਥੋਂ ਉਨ੍ਹਾਂ ਨੂੰ ਬੱਸਾਂ ਰਾਹੀਂ ਬਠਿੰਡਾ ਲੈ ਕੇ ਜਾਇਆ ਜਾਵੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਰਾਜਸਥਾਨ ਜਾਣ ਵਾਲੇ ਲੋਕਾਂ ਲਈ ਰਾਜਸਥਾਨ ਦੀ ਸਰਕਾਰੀ ਵੈਬਸਾਈਟ www.emitraapp.rajsthan.gov.in ਤੇ ਰਜਿਸਟਰਡ ਕਰਾਉਣਾ ਜ਼ਰੂਰੀ ਹੈ ਇਸ ਰਜਿਸਟ੍ਰੇਸ਼ਨ ਹੋਣ ਉਪਰੰਤ ਹੀ ਰਾਜਸਥਾਨ ਸਰਕਾਰ ਵੱਲੋਂ ਆਪਣੇ ਲੋਕਾਂ ਨੂੰ ਰਾਜਸਥਾਨ ਦਾਖਲ ਹੋਣ ਦਿੱਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਉੱਤਰਾਖੰਡ, ਝਾਰਖੰਡ ਤੇ ਰਾਜਸਥਾਨ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਜਿੰਨਾ ਨੇ ਪੰਜਾਬ ਸਰਕਾਰ ਦੇ ਪੋਰਟਲ www.covidhelp.punjab.gov.in ਤੇ ਰਜਿਸਟਰੇਸ਼ਨ ਨਹੀਂ ਕਰਵਾਈ ਉਹ ਤੁਰੰਤ ਰਜਿਸਟਰੇਸ਼ਨ ਕਰਾਉਣ ਜਾਂ ਤੁਰੰਤ ਸਬੰਧਤ ਐਸ.ਡੀ.ਐਮ. ਦਫਤਰ ਸੰਪਰਕ ਕਰਕੇ ਫਾਰਮ ਭਰਨ ਉਨ੍ਹਾਂ ਨੂੰ ਵੀ ਇਸ ਗਰੁੱਪ ਨਾਲ ਲੋੜੀਂਦੀ ਕਾਰਵਾਈ ਪੂਰੀ ਕਰਨ ਉਪਰੰਤ ਉਨ੍ਹਾਂ ਦੇ ਸੂਬੇ ਵਿੱਚ ਭੇਜ ਦਿੱਤਾ ਜਾਵੇਗਾ।

Disptach No. I/23100/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਸ਼ਰਧਾਲੂਆਂ ਤੇ ਮਜ਼ਦੂਰਾਂ ਨੂੰ ਦੂਜੇ ਸੂਬਿਆਂ ਤੋਂ ਲਿਆਉਣ ਵਾਲੇ ਡਰਾਈਵਰਾਂ ਦੇ ਕਰੋਨਾ ਟੈਸਟ ਨੈਗਟਿਵ ਆਏ

ਸਿਹਤ ਜਾਂਚ ਮਗਰੋ 24 ਡਰਾਈਵਰਾਂ ਨੂੰ ਇਕਾਂਤਵਾਸ ਲਈ ਉਨ੍ਹਾਂ ਦੇ ਘਰਾਂ ਵਿੱਚ ਭੇਜਿਆ

ਡਰਾਈਵਰਾਂ ਵੱਲੋਂ ਵਧੀਆ ਰਿਹਾਇਸ਼ ਖਾਣੇ ਤੇ ਸਿਹਤ ਸਹੂਲਤਾਂ ਲਈ ਪ੍ਰਸ਼ਾਸਨ ਦਾ ਧੰਨਵਾਦ ਕੀਤਾ

ਫਰੀਦਕੋਟ 8 ਮਈ ( ) ਹਜ਼ੂਰ ਸਾਹਿਬ ਨਾਂਦੇੜ, ਰਾਜਸਥਾਨ ਅਤੇ ਹੋਰ ਸੂਬਿਆਂ ਤੋਂ ਜਿਲ੍ਹੇ ਨਾਲ ਸਬੰਧਤ ਲੋਕਾਂ ਨੂੰ ਫਰੀਦਕੋਟ ਵਾਪਸ ਲਿਆਉਣ ਵਾਲੇ ਪੀ.ਆਰ.ਟੀ.ਸੀ. ਡੀਪੂ ਫਰੀਦਕੋਟ ਦੇ 24 ਡਰਾਈਵਰਾਂ ਨੂੰ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਜਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰੀ ਸਕੂਲ ਨਵੀਂ ਪਿਪਲੀ ਵਿਖੇ ਇਕਾਂਤਵਾਸ ਕਰਕੇ ਇਨ੍ਹਾਂ ਦੇ ਸੈਂਪਲ ਲਏ ਗਏ ਸਨ।

ਸੈਂਪਲਾਂ ਦੀ ਰਿਪੋਰਟ ਨੈਗਟਿਵ ਆਉਣ ਤੋਂ ਬਾਅਦ ਅਤੇ ਇਨ੍ਹਾਂ ਦੇ ਡਾਕਟਰੀ ਮੁਆਇਨੇ ਤੋਂ ਬਾਅਦ ਸਾਰੇ ਡਰਾਈਵਰਾਂ ਦੀ ਸਿਹਤ ਬਿਲਕੁਲ ਠੀਕ ਪਾਈ ਗਈ ਹੈ ਅਤੇ ਐਸ.ਡੀ.ਐਮ. ਫਰੀਦਕੋਟ ਸ: ਪਰਮਦੀਪ ਸਿੰਘ ਅਤੇ ਤਹਿਸੀਲਦਾਰ ਸ੍ਰੀ ਪਰਮਜੀਤ ਸਿੰਘ ਬਰਾੜ ਆਦਿ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਉਪਰੋਕਤ ਸਾਰੇ ਡਰਾਈਵਰਾਂ ਨੂੰ ਅੱਜ ਸਰਕਾਰੀ ਸਕੂਲ ਨਵੀਂ ਪਿਪਲੀ ਦੇ ਇਕਾਂਤਵਾਸ ਕੇਂਦਰਾਂ ਤੋਂ ਘਰ ਭੇਜ ਦਿੱਤਾ ਗਿਆ ਹੈ। ਜਿੱਥੇ ਇਨ੍ਹਾਂ ਨੂੰ 14 ਦਿਨ ਹੋਰ ਇਕਾਂਤਵਾਸ ਵਿੱਚ ਰੱਖਿਆ ਜਾਵੇਗਾ।

ਇਸ ਮੌਕੇ ਪੀ.ਆਰ.ਟੀ.ਸੀ. ਦੇ ਸਮੂਹ ਡਰਾਈਵਰਾਂ ਨੇ ਜਿਲ੍ਹਾ ਪ੍ਰਸ਼ਾਸਨ ਵੱਲੋਂ ਇਕਾਂਤਵਾਸ ਦੌਰਾਨ ਉਨ੍ਹਾਂ ਲਈ ਰਿਹਾਇਸ਼, ਖਾਣੇ, ਸਿਹਤ ਸਹੂਲਤਾਂ ਆਦਿ ਅਤੇ ਵਧੀਆ ਪ੍ਰਬੰਧ ਕਰਨ ਤੇ ਜਿਲ੍ਹਾ ਪ੍ਰਸ਼ਾਸ਼ਨ ਅਤੇ ਪੰਜਾਬ ਸਰਕਾਰ, ਪਿੰਡ ਦੀ ਪੰਚਾਇਤ ਦਾ ਧੰਨਵਾਦ ਕੀਤਾ।ਇਸ ਮੌਕੇ ਇਕਬਾਲ ਸਿੰਘ ਸਰਪੰਚ ਪੁਰਾਣੀ ਪਿਪਲੀ, ਸਿਮਰਜੀਤ ਸਿੰਘ ਬਰਾੜ ਸੂਬਾ ਪ੍ਰਧਾਨ ਪੀ.ਆਰ.ਟੀ.ਸੀ. ਇੰਪਲਾਈ ਯੂਨੀਅਨ ਅਤੇ ਪਿੰਡ ਦੇ ਪਤਵੰਤੇ ਹਾਜ਼ਰ ਸਨ।

Dispatch No. I/23102/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਸੀ-ਪਾਈਟ ਕੈਂਪਾਂ ਰਾਹੀਂ ਦਿੱਤੀ ਜਾਂਦੀ ਟ੍ਰੇਨਿੰਗ ਨੂੰ ਆਨ-ਲਾਈਨ ਮਾਧਿਅਮ ਰਾਹੀ ਦੇਣ ਦੀ ਸ਼ੁਰੂਆਤ

15 ਮਈ ਤੋਂ ਸ਼ੁਰੂ ਹੋ ਕੇ 2 ਮਹੀਨੇ ਤੱਕ ਚੱਲੇਗੀ ਟ੍ਰੇਨਿੰਗ

ਵਧੇਰੇ ਜਾਣਾਕਰੀ ਲਈ 9877712697 ਅਤੇ 7009317626 ਤੇ ਸੰਪਰਕ ਕਰ ਸਕਦੇ ਹਨ

ਫਰੀਦਕੋਟ 8 ਮਈ ( ) ਬੇਰੁਜ਼ਗਾਰ ਨੌਜਵਾਨਾਂ ਲਈ ਰੋਜ਼ਗਾਰ ਜਨਰੇਸ਼ਨ ਟ੍ਰੇਨਿੰਗ ਵਿਭਾਗ, ਪੰਜਾਬ ਵਲੋਂ ਸੀ-ਪਾਈਟ ਕੈਂਪ ਚਲਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਆਰਮੀ,ਪੁਲਿਸ ਅਤੇ ਪੈਰਾ-ਮਿਲਟਰੀ ਫੋਰਸ ਵਿੱਚ ਭਰਤੀ ਹੋਦ ਵਾਲੇ ਨੌਜਵਾਨਾ ਨੂੰ ਲਿਖਤੀ ਅਤੇ ਫੀਜੀਕਲ ਟ੍ਰੇਨਿੰਗ ਦੇਣਾ ਹੈ। ਹੁਣ ਤੱਕ ਹਜ਼ਾਰਾਂ ਨੌਜਵਾਨ ਇਨ੍ਹਾਂ ਕੈਂਪਾਂ ਵਿੱਚੋਂ ਟ੍ਰੇਨਿੰਗ ਲੈ ਕੇ ਵੱਖ-ਵੱਖ ਫੋਰਸਾਂ ਵਿੱਚ ਭਰਤੀ ਹੋ ਚੁੱਕੇ ਹਨ।

ਜਿਲ੍ਹਾ ਰੋਜ਼ਗਾਰ ਅਤੇ ਜਨਰੇਸ਼ਨ ਅਤੇ ਟ੍ਰੇਨਿੰਗ ਅਫ਼ਸਰ ਸ਼੍ਰੀਮਤੀ ਪਰਮਿੰਦਰ ਕੌਰ ਨੇ ਦੱਸਿਆ ਕਿ ਸਾਲ 2020-21 ਦੀਆਂ ਭਰਤੀ ਰੈਲੀਆਂ ਜੋ ਕਿ ਕਰੋਨਾ ਮਹਾਂਮਾਰੀ ਕਾਰਨ ਮੁਲਤਵੀ ਹੋ ਗਈਆਂ ਸਨ। ਹੁਣ ਉਮੀਦ ਕੀਤੀ ਜਾ ਰਹੀ ਹੈ ਕਿ ਹਾਲਾਤ ਸੁਧਰਣ ਉਪਰੰਤ ਇਹ ਭਰਤੀ ਰੈਲੀਆਂ ਬਹੁਤ ਹੀ ਘੱਟ ਸਮੇਂ ਦੇ ਨੋਟਿਸ ਤੇ ਸ਼ੁਰੂ ਹੋ ਜਾਣਗੀਆਂ ਅਤੇ ਭਰਤੀ ਦੇ ਚਾਹਵਾਨ ਨੌਜਵਾਨਾਂ ਨੂੰ ਤਿਆਰੀ ਲਈ ਘੱਟ ਸਮਾਂ ਮਿਲੇਗਾ।

ਉਨ੍ਹਾਂ ਦੱਸਿਆ ਕਿ ਇਸ ਸਮੇਂ ਦੇ ਹਲਾਤਾ ਨੂੰ ਸਮਝਦੇ ਹੋਏ ਸਰਕਾਰ ਵਲੋਂ ਸੀ-ਪਾਈਟ ਕੈਂਪਾਂ ਵਲੋਂ ਦਿੱਤੀ ਜਾਂਦੀ ਟ੍ਰੇਨਿੰਗ ਨੂੰ ਆਨ-ਲਾਈਨ ਮਾਧਿਅਮ ਰਾਹੀ ਦੇਣ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਪੰਜਾਬ ਭਰ ਵਿੱਚ ਸਥਾਪਿਤ ਵੱਖ-ਵੱਖ ਸੀ-ਪਾਈਟ ਕੈਂਪਾਂ ਵਲੋਂ ਇਹ ਆਨ-ਲਾਈਨ ਟ੍ਰੇਨਿੰਗ 15 ਮਈ ਤੋਂ ਸ਼ੁਰੂ ਕੀਤੀ ਜਾ ਰਹੀਂ ਹੈ ਅਤੇ ਇਹ ਟ੍ਰੇਨਿੰਗ 2 ਮਹੀਨੇ ਤੱਕ ਚੱਲੇਗੀ। ਇਸ ਕੈਂਪ ਵਿੱਚ ਫਰੀਦਕੋਟ ਜਿਲ੍ਹੇ ਨਾਲ ਸਬੰਧਿਤ ਨੌਜਵਾਨ ਸੀ-ਪਾਈਟ ਕੈਂਪ ਹਕੂਮਤ ਸਿੰਘ ਵਾਲਾ, ਜਿਲ੍ਹਾ ਫਿਰੋਜ਼ਪੁਰ ਤੋਂ ਆਨਲਾਈਨ ਟਰੇਨਿੰਗ ਪ੍ਰਾਪਤ ਕਰ ਸਕਦੇ ਹਨ। ਪੰਜਾਬ ਸਰਕਾਰ ਦਾ ਇਹ ਉਚਿਤ ਉਪਰਾਲਾ ਹੈ ਜਿਸ ਸਦਕਾ ਘਰ ਬੈਠੇ ਨੌਜਵਾਨ ਇਹ ਟ੍ਰੇਨਿੰਗ ਪ੍ਰਾਪਤ ਕਰ ਸਕਦੇ ਹਨ ਅਤੇ ਆਪਣੇ ਸੁਪਨੇ ਸਕਾਰ ਕਰ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਧੇਰੇ ਜਾਣਾਕਰੀ ਲਈ ਨੌਜਵਾਨ ਸੀ-ਪਾਈਟ ਕੈਂਪ ਹਕੂਮਤ ਸਿੰਘ ਵਾਲਾ, ਜਿਲ੍ਹਾ ਫਿਰੋਜ਼ਪੁਰ ਦੇ ਸੰਪਰਕ ਨੰਬਰਾਂ ਸ਼੍ਰੀ ਸ਼ਿਵ ਕੁਮਾਰ-9877712697 ਅਤੇ ਸ਼੍ਰੀ ਮਨਦੀਪ ਸਿੰਘ-7009317626 ਤੇ ਸੰਪਰਕ ਕਰ ਸਕਦੇ ਹਨ।

Dispatch No. I/23144/2020

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲੇ ਦੀਆਂ ਮੰਡੀਆਂ ਵਿੱਚ ਕੱਲ ਤੱਕ 483994 ਮੀਟਰਕ ਟਨ ਕਣਕ ਦੀ ਆਮਦ ਹੋਈ

ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 483632 ਮੀਟਰਕ ਟਨ ਕਣਕ ਦੀ ਕੀਤੀ ਗਈ ਖਰੀਦ

ਹੁਣ ਤੱਕ 351921ਮੀਟਰਕ ਟਨ ਦੀ ਲਿਫਟਿੰਗ ਹੋਈ

63 ਹਜ਼ਾਰ ਤੋਂ ਵੱਧ ਪਾਸ ਜਾਰੀ ਕੀਤੇ ਗਏ

ਫਰੀਦਕੋਟ 8 ਮਈ ( ) ਜਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਜਸਪ੍ਰੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਜਿਲੇ ਦੀਆਂ ਮੰਡੀਆਂ ਵਿੱਚ ਕੱਲ ਤੱਕ 483994 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿਚੋਂ ਖਰੀਦ ਏਜੰਸੀਆਂ ਵੱਲੋਂ 483632 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

ਉਨਾਂ ਹੋਰ ਜਾਣਕਾਰੀ ਦਿੰਦੇ ਦੱਸਿਆ ਕਿ ਕਿ ਕੱਲ ਸ਼ਾਮ ਤੱਕ ਪਨਗ੍ਰੇਨ ਵੱਲੋਂ 146689 ਮੀਟਰਕ ਟਨ, ਮਾਰਕਫੈੱਡ ਵੱਲੋਂ 112212 ਮੀਟਰਕ ਟਨ,ਪਨਸਪ ਵੱਲੋਂ 111366 ਮੀਟਰਕ ਟਨ ,ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 70125 ਮੀਟਰਿਕ ਟਨ ਅਤੇ ਐਫ ਸੀ ਆਈ ਵੱਲੋਂ 41990 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ ਅਤੇ ਲਿਫਟਿੰਗ ਦਾ ਕੰਮ ਵੀ ਤੇਜੀ ਨਾਲ ਚਲ ਰਿਹਾ ਹੈ।ਜਿਲੇ ਦੇ ਖਰੀਦ ਕੇਂਦਰਾਂ ਵਿੱਚੋਂ ਵਿਚ ਲਿਫਟਿੰਗ ਦੇ ਕੰਮ ਵਿਚ ਹੋਰ ਤੇਜੀ ਲਿਆਂਦੀ ਗਈ ਹੈ ਅਤੇ ਜ਼ਿਲੇ ਦੀਆਂ ਮੰਡੀਆਂ ਵਿਚੋਂ ਹੁਣ ਤੱਕ 351921 ਮੀਟਰਕ ਟਨ ਦੀ ਲਿਫਟਿੰਗ ਹੋ ਚੁੱਕੀ ਹੈ ।ਕਿਸਾਨਾਂ ਨੂੰ ਮੰਡੀ ਵਿਚ ਕਣਕ ਲਿਆਉਣ ਲਈ 63 ਹਜ਼ਾਰ ਤੋਂ ਵੱਧ ਪਾਸ ਜਾਰੀ ਕੀਤੇ ਗਏ।

## ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

## ਡਿਪਟੀ ਮੈਡੀਕਲ ਕਮਿਸ਼ਨਰ ਵੱਲੋਂ ਸਾਦਿਕ ਵਿਖੇ ਆਈਸੋਲੇਸ਼ਨ ਵਾਰਡ ਦੀ ਤਿਆਰੀ ਦਾ ਲਿਆ ਜਾਇਜ਼ਾ

ਸਦਿਕ/ਫਰੀਦਕੋਟ 8 ਮਈ ( ) ਸਿਹਤ ਵਿਭਾਗ ਵੱਲੋਂ ਕੋਵਿਡ-19 ਦੀ ਰੋਕਥਾਮ ਅਤੇ ਕੰਟਰੋਲ ਲਈ ਸਰਕਾਰ ਦੀਆਂ ਹਦਾਇਤਾਂ ਮੁਤਾਬਕ ,ਜ਼ਿਲੇ ਦੇ ਡਿਪਟੀ ਕਮਿਸ਼ਨਰ ਕੁਮਾਰ ਸੌਰਭ ਰਾਜ ਆਈ.ਏ.ਐਸ ਅਤੇ ਸਿਵਲ ਸਰਜਨ ਡਾ.ਰਜਿੰਦਰ ਕੁਮਾਰ ਦੀ ਯੋਗ ਅਗਵਾਈ ਹੇਠ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਜ਼ਿਲੇ ਅੰਦਰ ਵੱਖ-ਵੱਖ ਸਿਹਤ ਸੰਸਥਾਵਾਂ ਵਿਖੇ ਕੋਰੋਨਾ ਦੇ ਸੈਂਪਲ ਇਕੱਤਰ ਕਰਨ ਹਿੱਤ ਫਲੂ ਕਾਰਨਰ ਸਥਾਪਿਤ ਕੀਤੇ ਗਏ ਹਨ।ਹਾਲ ਹੀ ਵਿੱਚ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਲਈ ਇਕਾਂਤਵਾਸ ਕੇਂਦਰਾਂ ਵਿੱਚ ਰਹਿਣ-ਸਹਿਣ,ਖਾਣ-ਪੀਣ ਵਰਗੀਆਂ ਸਹੂਲਤਾਂ ਅਤੇ ਮੈਡੀਕਲ ਸਕਰੀਨਿੰਗ-ਸੈਂਪਲਿੰਗ ਦਾ ਪ੍ਰਬੰਧ ਵੀ ਕੀਤਾ ਗਿਆ ਹੈ।ਸਰਕਾਰ ਦੇ ਦਿਸ਼ਾ ਨਿਰਦੇਸ਼ ਤਹਿਤ ਜ਼ਿਲੇ ਅੰਦਰ ਕਿਸੇ ਵੀ ਐਂਮਰਜੈਂਸੀ ਨਾਲ ਨਜਿੱਠਣ ਲਈ ਆਈਸੋਲੇਸ਼ਨ ਵਾਰਡ ਵੀ ਤਿਆਰ ਕੀਤੇ ਜਾ ਰਹੇ ਹਨ। ਸੀ.ਐਚ.ਸੀ ਸਾਦਿਕ ਵਿਖੇ ਵੀ ਇੱਕ ਕੋਵਿਡ-19 ਅਧੀਨ ਤਿਆਰ ਕੀਤੇ ਜਾ ਰਹੇ ਵਿਸ਼ੇਸ਼ ਆਈਸੋਲੇਸ਼ਨ ਵਾਰਡ ਦਾ ਜਾਇਜ਼ਾ ਲੈਣ ਲਈ ਡਿਪਟੀ ਮੈਡੀਕਲ ਕਮਿਸ਼ਨਰ ਫਰੀਦਕੋਟ ਡਾ.ਰੋਹਿਨੀ ਗੋਇਲ ਸੀ.ਐਚ.ਸੀ ਸਾਦਿਕ ਪਹੁੰਚੇ।

ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ.ਰਜੀਵ ਭੰਡਾਰੀ, ਮੈਡੀਕਲ ਅਫਸਰ ਡਾ. ਅਮਨਪ੍ਰੀਤ ਕੌਰ, ਡਾ.ਸ਼ਮਿੰਦਰ ਕੌਰ ਨੇ ਡੀ.ਐਮ.ਸੀ ਡਾ. ਰੋਹਿਨੀ ਨੂੰ ਆਈਸੋਲੇਸ਼ਨ ਵਾਰਡ ਵਿੱਚ ਲਗਾਏ ਬੈਡ-ਬਿਸਤਰ, ਆਕਸੀਜਨ ਸੈਲੰਡਰ, ਸਟਾਫ ਲਈ ਤਿਆਰ ਕੀਤੇ ਗਏ ਕਮਰੇ ਅਤੇ 108 ਐਂਬੂਲੈਂਸ ਟੀਮ ਸਬੰਧੀ ਜਾਣਕਾਰੀ ਦਿੱਤੀ ਅਤੇ ਜਰੂਰਤਾਂ ਸਬੰਧੀ ਜਾਣੂ ਵੀ ਕਰਵਾਇਆ। ਮਾਸ ਮੀਡੀਆ ਅਫਸਰ ਡਾ.ਪ੍ਰਭਦੀਪ ਸਿੰਘ ਚਾਵਲਾ ਨੇ ਬਲਾਕ ਅਧੀਨ ਚੱਲ ਰਹੇ ਕੋਵਿਡ-19 ਦੇ ਸਰਵੇ ਅਤੇ ਜਾਗਰੂਕਤਾ ਗਤਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਨਾਲ ਵਿਚਾਰ ਵਟਾਂਦਰਾ ਕੀਤਾ।ਡਿਪਟੀ ਮੈਡੀਕਲ ਕਮਿਸ਼ਨਰ ਨੇ ਦੱਸਿਆ ਕਿ ਇਸ ਆਈਸੋਲੇਸ਼ਨ ਵਾਰਡ ਦੇ ਪ੍ਰਬੰਧ ਲਈ ਡਿਪਟੀ ਕਮਿਸ਼ਨਰ ਵੱਲੋਂ ਇੱਕ ਕਮੇਟੀ ਗਠਿਤ ਕੀਤੀ ਗਈ ਹੈ ਜਿਸ ਵਿੱਚ ਐਸ.ਐਮ.ਓ ਸਾਦਿਕ, ਨਾਇਬ ਤਹਿਸੀਲਦਾਰ ਫਰੀਦਕੋਟ, ਐਸ.ਡੀ.ਓ ਲੋਕ ਨਿਰਮਾਣ ਵਿਭਾਗ ਫਰੀਦਕੋਟ, ਐਸ.ਡੀ.ਓ ਜਲ ਸਪਲਾਈ ਫਰੀਦਕੋਟ, ਸਕੱਤਰ ਮਾਰਕਿਟ ਕਮੇਟੀ ਸਾਦਿਕ ਅਤੇ ਐਸ.ਡੀ.ਓ ਮੰਡੀ ਬੋਰਡ ਫਰੀਦਕੋਟ ਨੂੰ ਸ਼ਾਮਿਲ ਕੀਤਾ ਗਿਆ ਹੈ। ਉਨਾਂ ਤਾਲਮੇਲ ਨਾਲ ਸਾਰੇ ਪ੍ਰਬੰਧ ਜਲਦ ਮੁਕੰਮਲ ਕਰਨ ਦੀ ਅਪੀਲ ਵੀ

ਕੀਤੀ। ਇਸ ਮੌਕੇ  ਮੈਡਮ ਮਨਪ੍ਰੀਤ ਕੌਰ, ਸੰਤੋਸ਼ ਕੁਮਾਰ, ਫਾਰਮੇਸੀ ਅਫਸਰ ਹਰਪਾਲ ਸਿੰਘ, ਰਜਿੰਦਰ ਅਰੋੜਾ, ਪ੍ਰਿਤਪਾਲ ਕੌਰ, ਐਲ.ਟੀ ਬਿੱਕਰ ਸਿੰਘ ਅਤੇ ਅਮਨਿੰਦਰ ਕੌਰ ਵੀ ਹਾਜਰ ਸਨ।

ਫੋਟੋ ਕੈਸ਼ਪਨ- ਆਈਸੋਲੇਸ਼ਨ ਵਾਰਡ ਸਬੰਧੀ ਸਟਾਫ ਨਾਲ ਗੱਲ-ਬਾਤ ਕਰਦੇ ਹੋਏ ਡਿਪਟੀ ਮੈਡੀਕਲ ਕਮਿਸ਼ਨਰ ਡਾ.ਰੋਹਿਨੀ ਗੋਇਲ।